# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 13:40

**ਮਿਤੀ : 31-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ, ਸ਼ੰਘਾਈ ਸਹਿਯੋਗ ਸੰਗਠਨ, SCO ਦੇ ਮੈਂਬਰ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕਰਨਗੇ।

- ਨਿਸਤਾਰ ਸ਼੍ਰੇਣੀ ਦੇ ਦੂਜੇ ਡਾਈਵਿੰਗ ਸਪੋਰਟ ਜਹਾਜ਼ - INS ਨਿਪੁਣ ਨੂੰ ਅੱਜ ਮੁੰਬਈ ਵਿੱਚ ਸਮੁੰਦਰੀ ਫੌਜ ਦੇ ਬੇੜੇ ਵਿੱਚ ਸ਼ਾਮਲ ਕੀਤਾ ਗਿਆ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ, ਵਿਦਿਆਰਥੀਆਂ ਨੂੰ ਸਿਰਫ਼ ਨੌਕਰੀ ਲੱਭਣ ਵਾਲੇ ਹੀ ਨਹੀਂ, ਸਗੋਂ ਰੁਜ਼ਗਾਰ ਪੈਦਾ ਕਰਨ ਵਾਲੇ ਬਣਨਾ ਚਾਹੀਦਾ ਏ।

- ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ 900 ਨੂੰ ਪਾਰ ਕਰ ਗਈ ਏ. 4 ਹਜ਼ਾਰ 247 ਤੋਂ ਵੱਧ ਲੋਕ ਹਾਲਾਂ ਵੀ ਲਾਪਤਾ ਨੇ।

- ਸੁਪਰੀਮ ਕੋਰਟ ਨੇ ਅੱਜ ਉਸ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਕੇਂਦਰ ਸਰਕਾਰ ਅਤੇ ਹੋਰ ਸਬੰਧਤ ਹਿੱਸੇਦਾਰਾਂ ਨੂੰ ਇਹ ਨਿਰਦੇਸ਼ ਦੇਣ ਦੀ ਬੇਨਤੀ ਕੀਤੀ ਗਈ ਸੀ ਕਿ, ਦੇਸ਼ ਭਰ ਦੇ ਪੈਟਰੋਲ ਪੰਪਾਂ 'ਤੇ ਪੈਟਰੋਲ ਵਿੱਚ ਮੌਜੂਦ ਈਥਾਨੌਲ ਦੀ ਸਹੀਂ ਮਾਤਰਾ, ਲਾਜ਼ਮੀ ਤੌਰ 'ਤੇ ਦੱਸੀ ਜਾਵੇ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਰਗਿਜ਼ਸਤਾਨ ਦੇ ਆਪਣੇ ਦੋ ਦਿਨਾਂ ਦੌਰੇ ਦੇ ਪਹਿਲੇ ਦਿਨ ਰਾਜਧਾਨੀ ਬਿਸ਼ਕੇਕ ਵਿੱਚ 'Friends Of India' ਨਾਲ ਗੱਲਬਾਤ ਕੀਤੀ। ਇਸ ਮੌਕੇ ਯੋਗਾ ਅਤੇ ਮਾਨਸ ਅਕੈਡਮੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਭਾਰਤ ਨਾਲ ਮਿਲ ਕੇ ਕੰਮ ਕਰਨ ਵਾਲੇ ਚਾਰ ਵਫ਼ਦ ਮੌਜੂਦ ਸਨ।

ਇਸ ਦੇ ਨਾਲ ਹੀ, ਪ੍ਰਧਾਨ ਮੰਤਰੀ ਨੇ ਬਿਸ਼ਕੇਕ ਦੇ ਮਹਾਤਮਾ ਗਾਂਧੀ ਮੈਮੋਰੀਅਲ ਪਾਰਕ ਵਿਖੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬੁੱਤ 'ਤੇ ਹਾਰ ਪਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਪ੍ਰਧਾਨ ਮੰਤਰੀ ਅੱਜ ਸ਼ੰਘਾਈ ਸਹਿਯੋਗ ਸੰਗਠਨ ਦੇ ਮੈਂਬਰ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਵੀ ਕਰਨਗੇ। ਇਨ੍ਹਾਂ ਵਿੱਚ ਰੂਸ, ਈਰਾਨ, ਕਿਰਗਿਸਤਾਨ ਅਤੇ ਅਰਮੇਨੀਆ ਦੇ ਨੇਤਾ ਸ਼ਾਮਲ ਨੇ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਿਰਗਿਜ਼ਸਤਾਨ ਦੇ ਆਪਣੇ ਦੌਰੇ ਦੇ ਦੂਜੇ ਅਤੇ ਆਖਰੀ ਦਿਨ, ਕੱਲ੍ਹ ਸ਼ੰਘਾਈ ਸਹਿਯੋਗ ਸੰਗਠਨ ਦੇ 26ਵੇਂ ਸਿਖਰ ਸੰਮੇਲਨ ਨੂੰ ਸੰਬੋਧਨ ਕਰਨਗੇ।

-------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਜ਼ਬੇਕਿਸਤਾਨ ਵਿੱਚ ਭਾਰਤ ਦੇ ਸੱਭਿਆਚਾਰ, ਇਤਿਹਾਸ, ਭਾਸ਼ਾਵਾਂ ਅਤੇ ਵਿਚਾਰਾਂ ਪ੍ਰਤੀ ਲੋਕਾਂ ਦਾ ਲਗਾਅ ਲਗਾਤਾਰ ਵਧ ਰਿਹਾ ਏ। ਸ਼੍ਰੀ ਮੋਦੀ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ ਤਾਸ਼ਕੰਦ ਦੇ ਆਪਣੇ ਦੌਰੇ ਦਾ ਜ਼ਿਕਰ ਕੀਤਾ।

ਸ਼੍ਰੀ ਮੋਦੀ ਨੇ ਕਿਹਾ ਕਿ ਤਾਸ਼ਕੰਦ ਸਟੇਟ ਯੂਨੀਵਰਸਿਟੀ ਆਵ੍ ਓਰੀਐਂਟਲ ਸਟੱਡੀਜ਼ ਵਿਖੇ ਮਹਾਤਮਾ ਗਾਂਧੀ ਸੈਂਟਰ ਦਾ ਉਨ੍ਹਾਂ ਦਾ ਦੌਰਾ ਕਈ ਕਾਰਨਾਂ ਕਰਕੇ, ਮਹੱਤਵਪੂਰਨ ਅਤੇ ਦਿਲਚਸਪ ਰਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਉੱਥੇ ਭਾਰਤ ਨਾਲ ਸਬੰਧਤ ਇੱਕ ਜੀਵੰਤ ਅਤੇ ਸਰਗਰਮ ਮਾਹੌਲ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਭਾਰਤ ਨੂੰ ਸਮਝਣ ਲਈ ਡੂੰਘਾ ਉਤਸ਼ਾਹ ਦੇਖਿਆ। ਉਨ੍ਹਾਂ ਨੇ ਕਿਹਾ ਕਿ ਮਹਾਤਮਾ ਗਾਂਧੀ ਦੇ ਜੀਵਨ ਅਤੇ ਵਿਚਾਰਾਂ 'ਤੇ ਵਿਆਪਕ ਅਤੇ ਸ਼ਲਾਘਾਯੋਗ ਕੰਮ

ਕੀਤਾ ਜਾ ਰਿਹਾ ਏ। ਉਨ੍ਹਾਂ ਨੇ ਤਾਮਿਲ ਭਾਸ਼ਾ ਅਤੇ ਸੱਭਿਆਚਾਰ ਵਿੱਚ ਵਧਦੀ ਦਿਲਚਸਪੀ ਵੀ ਦੇਖੀ।

**BYTE: PM ON TAMIL LANGUAGE**

ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਦਿਆਰਥੀਆਂ ਨੇ ਉਨ੍ਹਾਂ ਦੀਆਂ ਕੁਝ ਕਵਿਤਾਵਾਂ ਦੀਆਂ ਸਤਰਾਂ ਵੀ ਸੁਣਾਈਆਂ, ਜੋ ਉਨ੍ਹਾਂ ਲਈ ਇੱਕ ਬਹੁਤ ਹੀ ਖਾਸ ਅਨੁਭਵ ਸੀ।

\-----------------------------------------------------------------

ਨਿਸਤਾਰ ਸ਼੍ਰੇਣੀ ਦੇ ਦੂਜੇ ਡਾਈਵਿੰਗ ਸਪੋਰਟ ਜਹਾਜ਼ - INS ਨਿਪੁਣ ਨੂੰ ਅੱਜ ਮੁੰਬਈ ਵਿੱਚ ਸਮੁੰਦਰੀ ਫੌਜ ਦੇ ਬੇੜੇ ਵਿੱਚ ਸ਼ਾਮਲ ਕੀਤਾ ਗਿਆ।

ਇਸ ਮੌਕੇ ਬੋਲਦਿਆਂ, ਸਮੁੰਦਰੀ ਫੌਜ ਦੇ ਮੁਖੀ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ ਨੇ ਕਿਹਾ ਕਿ, INS ਨਿਪੁਣ, ਜਲ ਸੈਨਾ ਦੇ ਪਾਣੀ ਹੇਠ ਵਿਸ਼ੇਸ਼ ਕਾਰਜਾਂ ਵਿੱਚ ਮਹੱਤਵਪੂਰਨ ਸਾਬਤ ਹੋਵੇਗਾ।

INS ਨਿਪੁਣ, ਜੋ ਕਿ ਹਿੰਦੁਸਤਾਨ ਸ਼ਿਪਯਾਰਡ ਲਿਮਟਿਡ, ਵਿਸ਼ਾਖਾਪਟਨਮ ਵੱਲੋਂ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਅਤੇ ਤਿਆਰ ਕੀਤਾ ਗਿਆ ਏ, ਵਿਸ਼ੇਸ਼ ਤੌਰ 'ਤੇ ਡੂੰਘੇ ਸਮੁੰਦਰ ਵਿੱਚ ਗੋਤਾਖੋਰੀ ਅਤੇ ਗੁੰਝਲਦਾਰ ਕਾਰਜਾਂ ਲਈ, ਤਿਆਰ ਕੀਤਾ ਗਿਆ ਏ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਕੱਪੜਾ ਅਤੇ ਸਿਲੇ-ਸਿਲਾਏ ਵਸਤਰ ਨਾ ਸਿਰਫ਼ ਭਾਰਤ ਦੀ ਸੱਭਿਆਚਾਰਕ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਏ, ਸਗੋਂ ਲੱਖਾਂ ਲੋਕਾਂ ਨੂੰ ਰੁਜ਼ਗਾਰ ਅਤੇ ਰੋਜ਼ੀ-ਰੋਟੀ ਵੀ ਪ੍ਰਦਾਨ ਕਰਦਾ ਏ।ਨੈਸ਼ਨਲ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (NIFT) ਦੀ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਵਿਦਿਆਰਥੀਆਂ ਨੂੰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਕਦਰਾਂ-ਕੀਮਤਾਂ ਨਾਲ ਜੁੜੇ ਰਹਿੰਦਿਆਂ, ਇੱਕ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਅਪਣਾਉਣ ਦਾ ਸੱਦਾ ਦਿੱਤਾ।

ਫੈਸ਼ਨ ਉਦਯੋਗ ਵਿੱਚ ਔਰਤਾਂ ਦੀ ਵੱਧਦੀ ਭੂਮਿਕਾ ਬਾਰੇ, ਰਾਸ਼ਟਰਪਤੀ ਨੇ ਕਿਹਾ ਕਿ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲਗਭਗ ਚਾਰ ਹਜ਼ਾਰ ਵਿਦਿਆਰਥੀਆਂ ਵਿੱਚੋਂ, ਲਗਭਗ 85 ਫ਼ੀਸਦੀ ਮਹਿਲਾਵਾਂ ਨੇ।

**BYTE: PRESIDENT ON WOMEN**

ਉਨ੍ਹਾਂ ਕਿਹਾ ਕਿ ਫੈਸ਼ਨ ਅਤੇ ਟੈਕਸਟਾਈਲ ਤਕਨਾਲੋਜੀ ਦੇ ਖੇਤਰ ਵਿੱਚ ਭਾਰਤ ਦੀ ਵਿਸ਼ਵਵਿਆਪੀ ਮੌਜੂਦਗੀ ਨੂੰ ਵਧਾਉਣ ਲਈ ਅਥਾਹ ਸੰਭਾਵਨਾਵਾਂ ਨੇ। ਨੌਜਵਾਨਾਂ ਨੂੰ 2047 ਤੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸਿਰਫ਼ ਨੌਕਰੀ ਲੱਭਣ ਵਾਲੇ ਹੀ ਨਹੀਂ, ਸਗੋਂ ਰੁਜ਼ਗਾਰ ਪੈਦਾ ਕਰਨ ਵਾਲੇ ਬਣਨ ਅਤੇ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਏ।

ਰਾਸ਼ਟਰਪਤੀ ਨੇ ਕਿਹਾ ਕਿ ਪਿਛਲੇ ਚਾਰ ਦਹਾਕਿਆਂ ਦੌਰਾਨ, NIFT ਦੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮਹੱਤਵਪੂਰਨ ਪ੍ਰਾਪਤੀਆਂ ਕੀਤੀਆਂ ਨੇ।

----------------------------------------------------------

ਨੇਪਾਲ ਵਿੱਚ ਭਿਆਨਕ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ, 903 ਹੋ ਗਈ ਏ। 4 ਹਜ਼ਾਰ 247 ਤੋਂ ਵੱਧ ਲੋਕ ਅਜੇ ਵੀ ਲਾਪਤਾ ਨੇ। ਸਾਰੇ ਅੱਠ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਰਾਹਤ ਅਤੇ ਬਚਾਅ ਕਾਰਜ ਤੇਜ਼ੀ ਨਾਲ ਜਾਰੀ ਨੇ।

ਨੇਪਾਲ ਵਿੱਚ ਪੰਜ ਤੋਂ ਵੱਧ ਪਣ-ਬਿਜਲੀ ਪ੍ਰੋਜੈਕਟਾਂ ਨਾਲ ਜੁੜੇ ਸਥਾਨਾਂ 'ਤੇ 900 ਤੋਂ ਵੱਧ ਮਜ਼ਦੂਰਾਂ ਦੇ ਫਸੇ ਹੋਣ ਦਾ ਖਦਸ਼ਾ ਏ। ਭਾਰਤ ਅਤੇ ਹੋਰ ਦੇਸ਼ਾਂ ਦੇ ਮਾਹਰਾਂ ਦੀ ਸਹਾਇਤਾ ਨਾਲ ਬਚਾਅ ਟੀਮਾਂ ਤ੍ਰਿਸ਼ੂਲੀ-III-A ਸਮੇਤ ਕਈ ਪਣ-ਬਿਜਲੀ ਪ੍ਰੋਜੈਕਟਾਂ ਨਾਲ ਜੁੜੀਆਂ ਸੁਰੰਗਾਂ ਦੀਆਂ ਭਾਲ ਕਰ ਰਹੀਆਂ ਨੇ। ਓਧਰ ਤਿੱਬਤ ਵਿੱਚ, ਮਰਨ ਵਾਲਿਆਂ ਦੀ ਗਿਣਤੀ 16 ਹੋ ਗਈ ਏ, ਜਦੋਂ ਕਿ 546 ਲੋਕ ਲਾਪਤਾ ਨੇ।

ਭਾਰਤੀ ਬਚਾਅ ਟੀਮਾਂ ਚਿਲੀਮੇ ਅਤੇ ਲੰਗਟਾਂਗ ਪਣਬਿਜਲੀ ਪਲਾਂਟਾਂ 'ਤੇ ਨੇਪਾਲੀ ਫੌਜ ਨਾਲ ਕੰਮ ਕਰ ਰਹੀਆਂ ਨੇ। ਨੇਪਾਲੀ ਫੌਜ ਦੇ ਬੁਲਾਰੇ ਨੇ ਕਿਹਾ ਕਿ ਬਹੁਤ ਜ਼ਿਆਦਾ ਮਲਬੇ ਕਾਰਨ. ਸੁਰੰਗਾਂ ਤੱਕ ਪਹੁੰਚ ਮੁਸ਼ਕਲ ਹੋ ਰਹੀ ਏ।

ਨੇਪਾਲ ਦੇ ਪ੍ਰਧਾਨ ਮੰਤਰੀ ਬਲੇਂਦਰ ਸ਼ਾਹ ਨੇ ਹੜ੍ਹਾਂ ਨੂੰ ਇੱਕ ਵਿਨਾਸ਼ਕਾਰੀ ਕੁਦਰਤੀ ਆਫ਼ਤ ਦੱਸਿਆ ਏ। ਲਗਭਗ 21 ਹਜ਼ਾਰ ਸੁਰੱਖਿਆ ਮੁਲਾਜ਼ਮ, ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੇ ਹੋਏ ਨੇ। ਰੈੱਡ ਕਰਾਸ ਦਾ ਅਨੁਮਾਨ ਏ ਕਿ, 90 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਨੇ।

---------------------------------------------------

ਨੇਪਾਲ ਵਿੱਚ ਭਿਆਨਕ ਹੜ੍ਹਾਂ ਅਤੇ ਭਾਰੀ ਬਾਰਿਸ਼ ਕਾਰਨ, ਬਿਹਾਰ ਵਿੱਚ ਗੰਡਕ ਅਤੇ ਕੋਸੀ ਨਦੀਆਂ ਦੇ ਪਾਣੀ ਦਾ ਪੱਧਰ ਚੜ੍ਹ ਗਿਆ ਏ। ਨਦੀ ਦੇ ਵਹਾਅ ਨੂੰ ਕੰਟਰੋਲ ਕਰਨ ਲਈ, ਕੋਸੀ ਵਿੱਚ ਸਥਿਤ ਵਾਲਮੀਕਿਨਗਰ ਬੈਰਾਜ ਦੇ ਸਾਰੇ 36 ਗੇਟ ਅਤੇ ਬੀਰਪੁਰ ਬੈਰਾਜ ਦੇ 56 ਵਿੱਚੋਂ 25 ਗੇਟ ਖੋਲ੍ਹ ਦਿੱਤੇ ਗਏ ਨੇ।

---------------------------------------------------

ਸੁਪਰੀਮ ਕੋਰਟ ਨੇ ਅੱਜ ਉਸ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਕੇਂਦਰ ਸਰਕਾਰ ਅਤੇ ਹੋਰ ਸਬੰਧਤ ਹਿੱਸੇਦਾਰਾਂ ਨੂੰ ਇਹ ਨਿਰਦੇਸ਼ ਦੇਣ ਦੀ ਬੇਨਤੀ ਕੀਤੀ ਗਈ ਸੀ ਕਿ, ਦੇਸ਼ ਭਰ ਦੇ ਪੈਟਰੋਲ ਪੰਪਾਂ 'ਤੇ ਪੈਟਰੋਲ ਵਿੱਚ ਮੌਜੂਦ ਈਥਾਨੋਲ ਦੀ ਸਹੀਂ ਮਾਤਰਾ, ਲਾਜ਼ਮੀ ਤੌਰ 'ਤੇ ਦੱਸੀ ਜਾਵੇ।

ਵਕੀਲ ਨਰੇਂਦਰ ਗੋਸਵਾਮੀ ਵੱਲੋਂ ਦਾਇਰ ਪਟੀਸ਼ਨ ਵਿੱਚ, ਈਥਾਨੌਲ-ਵਾਲੇ ਈਂਧਨ ਦੇ ਵਾਹਨਾਂ ਵਿੱਚ ਵਰਤੋਂ ਦੀ ਅਨੁਕੂਲਤਾ ਬਾਰੇ ਵਧੇਰੇ ਪਾਰਦਰਸ਼ਤਾ ਲਈ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ। ਜਸਟਿਸ ਐਮ.ਐਮ. ਸੁੰਦਰੇਸ਼ ਅਤੇ ਪ੍ਰਸੰਨਾ ਬੀ. ਵਰਾਲੇ ਦੇ ਬੈਂਚ ਨੇ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, ਬੈਂਚ ਨੇ ਪਟੀਸ਼ਨਰ ਨੂੰ ਆਪਣੀ ਸ਼ਿਕਾਇਤ ਨਾਲ ਸਬੰਧਤ ਹਾਈ ਕੋਰਟ ਵਿੱਚ ਜਾਣ ਦੀ ਇਜਾਜ਼ਤ ਦੇ ਦਿੱਤੀ ਏ।

ਪਟੀਸ਼ਨ ਵਿੱਚ ਮੰਗ ਕੀਤੀ ਗਈ ਸੀ ਕਿ ਹਰੇਕ ਪੈਟਰੋਲ ਪੰਪ 'ਤੇ ਹਰ ਨੋਜ਼ਲ ਪੈਟਰੋਲ ਵਿੱਚ ਈਥਾਨੌਲ ਦੀ ਫ਼ੀਸਦ ਨੂੰ  ਸਪੱਸ਼ਟ ਤੌਰ 'ਤੇ ਦਰਸਾਇਆ ਜਾਵੇ। ਪੈਟਰੋਲ ਦੀ ਰਸੀਦ 'ਤੇ ਵੀ ਈਥਾਨੌਲ ਦਾ ਫ਼ੀਸਦ ਲਿਖਿਆ ਜਾਣਾ ਚਾਹੀਦਾ ਏ। ਪਟੀਸ਼ਨ ਵਿੱਚ ਇਹ ਵੀ ਮੰਗ ਕੀਤੀ ਗਈ ਸੀ ਕਿ, ਸਰਕਾਰ ਈ-20 ਪੈਟਰੋਲ ਲਈ ਢੁਕਵੇਂ ਵਾਹਨਾਂ ਦੀ ਇੱਕ ਅਧਿਕਾਰਤ  ਸੂਚੀ ਬਣਾਏ, ਜਿਸ ਵਿੱਚ ਦੱਸਿਆ ਜਾਵੇ ਕਿ ਕਿਹੜਾ ਵਾਹਨ ਈ-20 ਪੈਟਰੋਲ ਲਈ ਅਨੁਕੂਲ ਹੈ ਤੇ ਕਿਹੜਾ ਨਹੀਂ?

------------------------------------------------------

ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਅਮਰੀਕੀ ਬਹੁ-ਰਾਸ਼ਟਰੀ ਕੰਪਨੀ, ਥ੍ਰੀ-ਐਮ ਨੂੰ ਭਾਰਤ ਵਿੱਚ ਖੋਜ ਅਤੇ ਵਿਕਾਸ, ਉੱਨਤ ਨਿਰਮਾਣ ਅਤੇ ਸਥਾਨਕ ਸਪਲਾਈ ਲੜੀ ਵਿੱਚ, ਨਿਵੇਸ਼ ਵਧਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਤੇਜ਼ੀ ਨਾਲ ਤਕਨਾਲੋਜੀ, ਨਵੀਨਤਾ ਅਤੇ ਆਲਮੀ

ਨਿਰਮਾਣ ਲਈ, ਇੱਕ ਮਹੱਤਵਪੂਰਨ ਕੇਂਦਰ ਵਜੋਂ ਉੱਭਰ ਰਿਹਾ ਏ ਅਤੇ ਆਲਮੀ ਕੰਪਨੀਆਂ ਲਈ, ਵਿਸ਼ਾਲ ਮੌਕੇ ਪ੍ਰਦਾਨ ਕਰਦਾ ਏ।

ਵਿੱਤ ਮੰਤਰਾਲੇ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਵਿੱਤ ਮੰਤਰੀ ਨੇ ਅਮਰੀਕਾ ਦੇ ਉੱਤਰੀ ਕੈਰੋਲੀਨਾ ਵਿੱਚ ਹੋਈ G-20 ਵਿੱਤ ਮੰਤਰੀਆਂ ਅਤੇ ਕੇਂਦਰੀ ਬੈਂਕਾਂ ਦੇ ਗਵਰਨਰਾਂ ਦੀ ਮੀਟਿੰਗ ਤੋਂ ਇਲਾਵਾ, 3M ਦੇ ਚੇਅਰਮੈਨ ਅਤੇ ਸੀਈਓ ਵਿਲੀਅਮ ਬ੍ਰਾਊਨ ਨਾਲ ਗੱਲਬਾਤ ਕੀਤੀ।

---------------------------------------------------------

ਸਰਬੀਆ ਦੇ ਨੋਵਾਕ ਜੋਕੋਵਿਚ, ਯੂਐਸ ਓਪਨ ਟੈਨਿਸ ਟੂਰਨਾਮੈਂਟ ਦੇ ਪਹਿਲੇ ਹੀ ਗੇੜ ਵਿੱਚ ਬਾਹਰ ਹੋ ਗਏ ਨੇ। ਅਰਜਨਟੀਨਾ ਦੇ ਮਾਰੀਆਨੋ ਨੈਵੋਨ ਨੇ ਜੋਕੋਵਿਚ ਨੂੰ, 7-6, 5-7, 4-6, 6-2, 6-1 ਨਾਲ ਹਰਾਇਆ।

---------------------------------------------------------

ਮਹਿਲਾ ਏਸ਼ੀਆ ਕੱਪ Twenty-twenty ਕ੍ਰਿਕਟ ਦੇ ਗਰੁੱਪ ਬੀ ਮੈਚ ਵਿੱਚ ਅੱਜ ਬੰਗਲਾਦੇਸ਼ ਦਾ ਮੁਕਾਬਲਾ ਇੰਡੋਨੇਸ਼ੀਆ ਨਾਲ ਹੋਵੇਗਾ। ਇਹ ਮੈਚ ਦੁਬਈ ਵਿੱਚ ਭਾਰਤੀ ਸਮੇਂ ਅਨੁਸਾਰ ਰਾਤੀਂ 8 ਵਜੇ ਸ਼ੁਰੂ ਹੋਵੇਗਾ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਕਿਰਗਿਜ਼ਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ, ਸ਼ੰਘਾਈ ਸਹਿਯੋਗ ਸੰਗਠਨ, SCO ਦੇ ਮੈਂਬਰ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕਰਨਗੇ।

- ਨਿਸਤਾਰ ਸ਼੍ਰੇਣੀ ਦੇ ਦੂਜੇ ਡਾਈਵਿੰਗ ਸਪੋਰਟ ਜਹਾਜ਼ - INS ਨਿਪੁਣ ਨੂੰ ਅੱਜ ਮੁੰਬਈ ਵਿੱਚ ਸਮੁੰਦਰੀ ਫੌਜ ਦੇ ਬੇੜੇ ਵਿੱਚ ਸ਼ਾਮਲ ਕੀਤਾ ਗਿਆ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ, ਵਿਦਿਆਰਥੀਆਂ ਨੂੰ ਸਿਰਫ਼ ਨੌਕਰੀ ਲੱਭਣ ਵਾਲੇ ਹੀ ਨਹੀਂ, ਸਗੋਂ ਰੁਜ਼ਗਾਰ ਪੈਦਾ ਕਰਨ ਵਾਲੇ ਬਣਨਾ ਚਾਹੀਦਾ ਏ।

- ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ 900 ਨੂੰ ਪਾਰ ਕਰ ਗਈ ਏ. 4 ਹਜ਼ਾਰ 247 ਤੋਂ ਵੱਧ ਲੋਕ ਹਾਲਾਂ ਵੀ ਲਾਪਤਾ ਨੇ।

- ਸੁਪਰੀਮ ਕੋਰਟ ਨੇ ਅੱਜ ਉਸ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਵਿੱਚ ਕੇਂਦਰ ਸਰਕਾਰ ਅਤੇ ਹੋਰ ਸਬੰਧਤ ਹਿੱਸੇਦਾਰਾਂ ਨੂੰ ਇਹ ਨਿਰਦੇਸ਼ ਦੇਣ ਦੀ ਬੇਨਤੀ ਕੀਤੀ

ਗਈ ਸੀ ਕਿ, ਦੇਸ਼ ਭਰ ਦੇ ਪੈਟਰੋਲ ਪੰਪਾਂ 'ਤੇ ਪੈਟਰੋਲ ਵਿੱਚ ਮੌਜੂਦ ਈਥਾਨੌਲ ਦੀ ਸਹੀਂ ਮਾਤਰਾ, ਲਾਜ਼ਮੀ ਤੌਰ 'ਤੇ ਦੱਸੀ ਜਾਵੇ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**